# Vigilance Bureau Punjab

## Vigilance nabs MC employee for accepting bribe of Rs. 15000

Chandigarh, December 21: State Vigilance Bureau today nabbed a Junior Assistant of Municipal Council Kurali, SAS Nagar district red handed while accepting bribe of Rs. 15,000.

Disclosing this an official spokesperson of the Vigilance Bureau said Sukhdev Singh Junior Assistant posted at Municipal Council Kurali, SAS Nagar district was nabbed red handed on the complaint of Jasveer Singh, resident of Kurali, SAS Nagar district.

He added that the complainant has approached the Bureau and informed that the accused Junior Assistant was demanding Rs. 15,000 to issue regulation certificate for his plot. After verifying his information, the Vigilance team from flying squad laid a trap and accused was caught red handed for accepting bribe of Rs. 15000 from the complainant in the presence of two official witnesses.

The spokesman said a case under Prevention of Corruption Act has been registered against the accused at Vigilance Bureau Flying Squad Police Station, SAS Nagar and further investigation was under progress.

--------------------

## ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਵਲੋਂ ਨਗਰ ਕੌਂਸਲ ਦਾ ਕਰਮਚਾਰੀ 15000 ਰੁਪਏ ਦੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 21 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਅੱਜ ਨਗਰ ਕੌਂਸਲ ਕੁਰਾਲੀ, ਜਿਲਾ ਐਸ.ਏ.ਐਸ ਨਗਰ ਵਿਖੇ ਤਾਇਨਾਤ ਜੂਨੀਅਰ ਸਹਾਇਕ ਸੁਖਦੇਵ ਸਿੰਘ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਸੁਖਦੇਵ ਸਿੰਘ ਨੂੰ ਸ਼ਿਕਾਇਤਕਰਤਾ ਜਸਵੀਰ ਸਿੰਘ, ਵਾਸੀ ਕੁਰਾਲੀ, ਜਿਲਾ ਐਸ.ਏ.ਐਸ ਨਗਰ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ 15 ਹਜਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਦਬੋਚ ਲਿਆ ਗਿਆ। ਬੁਲਾਰੇ ਨੇ ਦੱਸਿਆ ਉਕਤ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਦੋਸ਼ੀ ਸੁਖਦੇਵ ਸਿੰਘ ਵਲੋਂ ਉਸ ਦੇ ਪਲਾਟ ਦਾ ਰੈਗੁਲੇਸ਼ਨ ਸਰਟੀਫਿਕੇਟ ਜਾਰੀ ਕਰਨ ਬਦਲੇ 15000 ਰੁਪਏ ਦੀ ਮੰਗ ਕੀਤੀ ਗਈ ਹੈ। ਵਿਜੀਲੈਂਸ ਦੀ ਉਡਨ ਦਸਤਾ ਟੀਮ ਵਲੋਂ ਦੋਸ਼ਾਂ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 15 ਹਜਾਰ ਰੁਪਏ ਦੀ ਰਿਸ਼ਵਤ ਵਜੋਂ ਲੈਂਦਿਆਂ ਮੌਕੇ 'ਤੇ ਕਾਬੂ ਕਰ ਲਿਆ ਗਿਆ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਉਕਤ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਉਡਨ ਦਸਤਾ ਦੇ ਥਾਣਾ ਐਸ.ਏ.ਐਸ ਨਗਰ ਵਿਖੇ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।